REG/OP/2019-146

# ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ
## (ਰਜਿਸਟਰਾਰ ਦਫਤਰ)

ਨੰ: ਆਈ.ਕੇ.ਜੀ.ਪੀ.ਟੀ.ਯੂ./ਰਜਿ/2371 ਮਿਤੀ: 08/11/2019

## ਦਫਤਰੀ ਹੁਕਮ

ਵਿਸ਼ਾ: **ਮਿਤੀ 09 ਅਤੇ 10 ਨਵੰਬਰ, 2019 (ਸ਼ਨੀਵਾਰ ਅਤੇ ਐਤਵਾਰ) ਨੂੰ ਯੂਨੀਵਰਸਿਟੀ ਆਮ ਦਿਨ੍ਹਾਂ ਦੀ ਤਰ੍ਹਾਂ ਲੱਗਣ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਜਨਮ ਦਿਵਸ ਤੇ ਮਿਤੀ 10 ਨਵੰਬਰ, 2019 ਨੂੰ ਯੂਨੀਵਰਸਿਟੀ ਮੇਨ ਕੈਂਪਸ, ਕਪੂਰਥਲਾ ਵਿਖੇ 550 eminent sikh and Nanak Naam Leva ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ।

ਇਸ ਸਬੰਧੀ ਮਾਨਯੋਗ ਉਪ-ਕੁਲਪਤੀ ਜੀ ਦੀ ਪ੍ਰਵਾਨਗੀ ਉਪਰੰਤ ਮਿਤੀ 09 ਅਤੇ 10 ਨਵੰਬਰ, 2019 (ਸ਼ਨੀਵਾਰ ਅਤੇ ਐਤਵਾਰ) ਨੂੰ ਯੂਨੀਵਰਸਿਟੀ ਆਮ ਦਿਨਾਂ ਦੀ ਤਰ੍ਹਾਂ ਖੁੱਲੇਗੀ। ਸਮੂਹ ਵਿਭਾਗ ਮੁੱਖੀਆਂ (ਨਾਨ ਟੀਚਿੰਗ) ਅਤੇ ਡਾਇਰੈਕਟਰ (ਮੇਨ ਕੈਂਪਸ) ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਆਪ ਆਪਣੇ ਅਧੀਨ ਆਉਂਦੇ ਅਧਿਕਾਰੀਆਂ, ਫੈਕਲਟੀ ਮੈਂਬਰਾਂ ਅਤੇ ਕਰਮਚਾਰੀਆਂ ਸਮੇਤ ਹਾਜਰੀ ਯਕੀਨੀ ਬਣਾਉਣ।

ਮਿਤੀ 09 ਅਤੇ 10 ਨਵੰਬਰ, 2019 ਨੂੰ ਯੂਨੀਵਰਸਿਟੀ ਲੱਗਣ ਦੇ ਇਵਜ ਵਿੱਚ ਸਮੂਹ ਅਧਿਕਾਰੀਆਂ, ਫੈਕਲਟੀ ਮੈਂਬਰਾਂ ਅਤੇ ਕਰਮਚਾਰੀਆਂ ਨੂੰ ਮਿਤੀ 11 ਅਤੇ 22 ਨਵੰਬਰ, 2019 ਦੀ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ।

ਸਕਿਉਰਟੀ ਦੇ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਮਿਤੀ 10 ਨਵੰਬਰ, 2019 ਨੂੰ ਸਮੂਹ ਅਧਿਕਾਰੀਆਂ, ਫੈਕਲਟੀ ਮੈਂਬਰਾਂ ਅਤੇ ਕਰਮਚਾਰੀਆਂ ਦੀ ਐਂਟਰੀ ਗੇਟ ਨੰਬਰ 01 ਤੋਂ ਹੀ ਹੋਵੇਗੀ।

7/11/19
(ਡਾ. ਐਸ.ਐਸ. ਵਾਲੀਆ)
ਰਜਿਸਟਰਾਰ

ਪਿੱਠ ਅੰ:ਨੰ: ਆਈ.ਕੇ.ਜੀ.ਪੀ.ਟੀ.ਯੂ./ਰਜਿ/ਦਹ/2372-2376 ਮਿਤੀ: 08/11/2019

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਇੰਚਾਰਜ ਸਕੱਤਰੇਤ, ਉਪ ਕੁਲਪਤੀ ਦਫਤਰ: ਉਪ ਕੁਲਪਤੀ ਜੀ ਦੀ ਜਾਣਕਾਰੀ ਹਿੱਤ
2. ਸਮੂਹ ਵਿਭਾਗ ਮੁੱਖੀ (ਨਾਨ ਟੀਚਿੰਗ)
3. ਡਾਇਰੈਕਟਰ (ਮੇਨ ਕੈਂਪਸ): ਆਪ ਜੀ ਦੇ ਅਧੀਨ ਆਉਂਦੇ ਸਮੂਹ ਵਿਭਾਗ ਮੁੱਖੀ (ਟੀਚਿੰਗ) ਨੂੰ ਜਾਣੂ ਕਰਾਉਣ ਹਿੱਤ।
4. ਡਿਪਟੀ ਰਜਿਸਟਰਾਰ (ਮਾਨਵ ਸ੍ਰੋਤ ਪ੍ਰਬੰਧਨ)
5. ਇੰਚਾਰਜ (ਆਈ.ਟੀ.ਐਸ.): ਵੈਬਸਾਈਟ ਤੇ ਅਪਲੋਡ ਕਰਨ ਸਬੰਧੀ।

(ਡਾ. ਐਸ.ਐਸ. ਵਾਲੀਆ)
ਰਜਿਸਟਰਾਰ